# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :04-03-2026**

ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਕਾਰਨ ਫਸੇ ਯਾਤਰੀਆਂ ਦੀ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਭਾਰਤੀ ਏਅਰਲਾਈਨਾਂ ਅੱਜ 58 ਉਡਾਣਾਂ ਚਲਾਉਣ ਦੀ ਯੋਜਨਾ ਬਣਾ ਰਹੀਆਂ ਨੇ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਏ ਕਿ ਇਨ੍ਹਾਂ ਵਿੱਚ ਇੰਡੀਗੋ ਦੀਆਂ 30 ਉਡਾਣਾਂ ਅਤੇ ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਦੀਆਂ 23 ਉਡਾਣਾਂ ਸ਼ਾਮਲ ਨੇ। ਮੌਜੂਦਾ ਸਥਿਤੀ ਕਾਰਨ, ਭਾਰਤੀ ਏਅਰਲਾਈਨਾਂ ਦੀਆਂ ਇਕ ਹਜ਼ਾਰ 221 ਉਡਾਣਾਂ ਅਤੇ ਵਿਦੇਸ਼ੀ ਏਅਰਲਾਈਨਾਂ ਦੀਆਂ 388 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਨੇ। ਯਾਤਰੀਆਂ ਨੂੰ ਹਵਾਈ ਅੱਡੇ 'ਤੇ ਪਹੁੰਚਣ ਤੋਂ ਪਹਿਲਾਂ ਸਬੰਧਤ ਏਅਰਲਾਈਨ ਨਾਲ ਉਡਾਣ ਦੀ ਤਾਜ਼ਾ ਸਥਿਤੀ ਦੀ ਜਾਣਕਾਰੀ ਲੈਣ ਦੀ ਸਲਾਹ ਦਿੱਤੀ ਗਈ ਏ।

------------------------------------------------------------

ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਸਹਿਰੀ ਹਵਾਬਾਜੀ ਮੰਤਰੀ ਕੇ. ਰਾਮ ਮੋਹਨ ਨਾਇਡੂ ਨਾਲ ਫੋਨ ‘ਤੇ

ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਸੰਕਟਗ੍ਰਸਤ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਯਕੀਨੀ ਬਣਾਉਣ ਲਈ ਕਿਹੈ। ਟੈਲੀਫੋਨ ‘ਤੇ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਅਚਾਨਕ ਜੰਗ ਸੁਰੂ ਹੋਣ ਕਾਰਨ ਖਾੜੀ ਦੇਸਾਂ ਵਿੱਚ ਫਸੇ ਪੰਜਾਬੀਆਂ ਨਾਲ ਸਬੰਧਤ ਅੰਕੜੇ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਵਾਪਸ ਲਿਆਉਣ ਲਈ ਤੁਰੰਤ ਕਦਮ ਚੁੱਕਣ ਦੀ ਅਪੀਲ ਕੀਤੀ। ਪ੍ਰਭਾਵਿਤ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ, “ਪੰਜਾਬ ਸਰਕਾਰ ਫਸੇ ਲੋਕਾਂ ਨੂੰ ਜਲਦ ਤੋਂ ਜਲਦ ਹਰ ਜ਼ਰੂਰੀ ਸਹਾਇਤਾ ਮੁਹੱਈਆ ਕਰਨ ਲਈ ਵਚਨਬੱਧ ਏ । ਪੰਜਾਬ ਸਰਕਾਰ ਦੀ ਮੁਹਿੰਮ ‘ਗੈਂਗਸਟਰਾਂ ਤੇ ਵਾਰ’ ਦੇ 42ਵੇਂ ਦਿਨ ਪੰਜਾਬ ਪੁਲਿਸ ਨੇ ਮੰਗਲਵਾਰ ਨੂੰ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 471 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਪੁਲਿਸ ਟੀਮਾਂ ਨੇ 148 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹਥਿਆਰ ਬਰਾਮਦ ਕੀਤੇ ਗਏ ਨੇ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਇੱਕ ਭਗੌੜੇ ਅਪਰਾਧੀ ਨੂੰ ਵੀ ਗ੍ਰਿਫਤਾਰ ਕੀਤਾ ਏ।

---------------------------------------------------------

ਰੰਗਾਂ ਦਾ ਤਿਉਹਾਰ ਹੋਲੀ ਅੱਜ ਦੇਸ਼ ਭਰ ਵਿੱਚ ਪੂਰੇ ਉਤਸ਼ਾਹ ਨਾਲ

ਮਨਾਇਆ ਜਾ ਰਿਹਾ ਏ। ਹੋਲੀ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਅਤੇ ਬਸੰਤ ਦੇ ਆਗਮਨ ਦਾ ਪ੍ਰਤੀਕ ਏ। ਇਸ ਦਿਨ ਲੋਕ ਇੱਕ ਦੂਜੇ ਨੂੰ ਰੰਗ ਲਾਉਂਦੇ ਨੇ, ਮਠਿਆਈਆਂ ਵੰਡਦੇ ਨੇ ਅਤੇ ਦਿੰਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਹੋਲੀ ਦੇ ਮੌਕੇ 'ਤੇ ਦੇਸ਼ ਨੂੰ ਵਧਾਈਆਂ ਦਿੱਤੀਆਂ। ਪੰਜਾਬ ‘ਚ ਵੀ ਹੋਲੀ ਦੀਆਂ ਰੌਣਕਾਂ ਸਭ ਪਾਸੇ ਦੇਖਣ ਨੂੰ ਮਿਲ ਰਹੀਆਂ ਨੇ। ਮੁੱਖ ਮੰਤਰੀ ਭਗਵੰਤ ਵੀ ਇਕ ਸੋਸ਼ਲ ਮੀਡੀਆ ਪੋਸਟ ਰਾਹੀਂ ਸਾਰਿਆਂ ਨੂੰ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ ਨੇ।

-------------------------------------------------------

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੌਮੀ ਤਿਉਹਾਰ ਹੋਲਾ ਮਹੱਲਾ ਦੀ ਅੱਜ ਰਵਾਇਤਾਂ ਅਨੁਸਾਰ ਸਮਾਪਤੀ ਹੋ ਰਹੀ ਏ। ਵੱਡੀ ਗਿਣਤੀ ਵਿਚ ਸੰਗਤਾਂ ਗੁਰੂਘਰ ਪੁੱਜੀਆਂ ਨੇ। ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ, ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਇਸ ਮਗਰੋਂ ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਵਲੋਂ ਵੱਖ ਵੱਖ ਨਿਹੰਗ

ਸਿੰਘ ਜੱਥੇਬੰਦੀਆਂ ਨਾਲ ਰਲ ਕੇ ਮਹੱਲਾ ਸਜਾਇਆ ਜਾ ਰਿਹਾ ਏ।ਇੱਕ ਰਿਪੋਰਟ –

ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਖਾਲਸਾਈ ਰੰਗ ਵਿੱਚ ਰੰਗੀ ਹੋਈ ਏ ਅਤੇ ਚਾਰੇ ਪਾਸੇ ਨੀਲੇ, ਪੀਲੇ ਤੇ ਕੇਸਰੀ ਵਸਤਰਾਂ ,ਦਸਤਾਰਾਂ ਅਤੇ ਖਾਲਸਾਈ ਸ਼ਸਤਰਾਂ ਨਾਲ ਖਾਲਸਾਈ ਜਾਹੋ ਜਲਾਲ ਦਾ ਨਜ਼ਾਰਾ ਵੇਖਣ ਨੂੰ ਮਿਲ ਰਿਹਾ ਏ । ਹੋਲੇ ਮਹੱਲੇ ਦੇ ਅੰਤਿਮ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮਹੱਲੇ ਦੇ ਰੂਪ ਵਿੱਚ ਨਗਰ ਕੀਰਤਨ ਸਜਾਇਆ ਜਾਂਦਾ ਏ. ਗੁਰੂਦੁਆਰਾ, ਗੁਰੂ ਕਾ ਬਾਗ ਤੋਂ ਮਹੱਲੇ ਵਿੱਚ ਵੱਖ-ਵੱਖ ਨਿਹੰਗ ਸਿੰਘ ਜੱਥੇਬੰਦੀਆਂ ਦੇ ਨਾਲ-ਨਾਲ ਹਾਥੀ ਤੇ ਘੋੜਿਆਂ ਤੇ ਸਵਾਰ ਹੋ ਕੇ ਖਾਲਸਾਈ ਫੌਜਾਂ ਪੂਰੇ ਜਾਹੋ ਜਲਾਲ ਦੇ ਨਾਲ ਜੈਕਾਰੇ ਲਾਉਂਦੀਆਂ ਸ਼ਮੂਲੀਅਤ ਕਰਦੀਆਂ ਨੇ ਅਤੇ ਇੱਕ-ਦੂਜੇ ਤੇ ਗੁਲਾਲ ਵੀ ਸੁਟਿਆ ਜਾਂਦਾ ਏ। ਇਹ ਮਹੱਲਾ ਕਿਲ੍ਹਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ੍ਹ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਅਤੇ ਕਿਲਾ ਫਤਹਿਗੜ੍ਹ ਸਾਹਿਬ ਹੁੰਦਾ ਹੋਇਆ ਸ਼ਾਮ ਵੇਲੇ ਚਰਣ ਗੰਗਾ ਸਟੇਡੀਅਮ ਪੁੱਜੇਗਾ ਜਿੱਥੇ ਨਿਹੰਗ ਸਿੰਘਾਂ ਵੱਲੋਂ ਖਾਲਸਾਈ ਖੇਡਾਂ ਅਤੇ ਯੁਧ ਕਲਾ ਦਾ ਵਿਖਾਲਾ ਕੀਤਾ ਜਾਏਗਾ. Nਬੀਤੀ ਸ਼ਾਮ ਗੁਰੂ ਨਗਰੀ ਵਿਚ ਵਿਰਾਸਤ-ਏ-ਖਾਲਸਾ ਵਿਖੇ ਸ਼ਾਨਦਾਰ ਆਤਿਸ਼ਬਾਜ਼ੀ ਹੋਈ. ਸ਼ਾਮ ਦੇ ਸਮੇਂ ਅਸਮਾਨ ਵਿੱਚ ਖਿੜੇ ਰੰਗ-ਬਿਰੰਗੇ ਨਜ਼ਾਰਿਆਂ ਨੇ ਸੰਗਤਾਂ ਦਾ ਮਨ ਮੋਹ ਲਿਆ .ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਸ਼ਰਧਾਲੂਆਂ ਨੂੰ ਇਸ ਇਤਿਹਾਸਿਕ ਮੇਲੇ ਦੀ ਰੌਣਕ ਨੇ ਆਧਿਆਤਮਿਕ ਰੰਗ ਵਿੱਚ ਰੰਗ ਦਿੱਤਾ।

---------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰਿਆਂ ਨੂੰ ਹੋਲੇ ਮਹੱਲੇ ਦੀਆਂ ਵਧਾਈਆਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿਚ ਮੁੱਖ ਮੰਤਰੀ ਨੇ ਸਾਰਿਆਂ ਨੂੰ ਇਸ ਮਹਾਨ ਪੁਰਬ ਮੌਕੇ ਸਚ ਤੇ ਹੱਕ ਦੇ ਮਾਰਗ ‘ਤੇ ਚਲਣ ਦਾ ਅਹਿਦ ਲੈਣ ਦਾ ਸੱਦਾ ਦਿੱਤਾ ਏ।

---------------------------------------------

ਪੰਜਾਬ ਦੇ ਦਿਹਾਤੀ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹੈ ਕਿ ਸਰਕਾਰ ਵੱਲੋਂ ਸੂਬੇ ਭਰ 'ਚੋਂ 14 ਹਜ਼ਾਰ 100 ਔਰਤ ਉੱਦਮੀਆਂ ਨੂੰ ਮਹਿਲਾ ਦਿਵਸ ਮੌਕੇ ਸਨਮਾਨਿਤ ਕਰਨ ਲਈ ਚੱਲ ਰਹੀ ਮੁਹਿੰਮ 'ਚ 28 ਹਜਾਰ ਤੋਂ ਵੱਧ ਰਜਿਸਟ੍ਰੇਸ਼ਨ ਹੋ ਚੁੱਕੀ ਏ। ਮੰਤਰੀ ਸੌਂਦ ਨੇ ਦੱਸਿਆ ਕਿ ਇਸ ਸਬੰਧੀ ਸੂਬਾ ਪੱਧਰੀ ਸਮਾਗਮ 18 ਮਾਰਚ ਨੂੰ ਕਰਵਾਇਆ ਜਾਵੇਗਾ, ਜਿਸ ਦੌਰਾਨ ਪੰਜਾਬ ਦੀਆਂ ਚੋਟੀ ਦੀਆਂ 100 ਚੁਣੀਆਂ ਗਈਆਂ ਮਹਿਲਾ ਉੱਦਮੀਆਂ ਲਈ ਹਰੇਕ ਨੂੰ 25 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਜਾਵੇਗਾ ਜੋ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ (ਪੀ.ਐਸ.ਆਰ..ਐਲ.ਐਮ.) ਤਹਿਤ ਮਹਿਲਾ ਉੱਦਮੀ ਕਾਰੋਬਾਰੀਆਂ ਨੂੰ ਇੱਕ ਵੱਡੀ ਪਛਾਣ ਮੁਹੱਈਆ ਕਰਵਾਉਣ ਦੀ ਸਰਕਾਰ ਦੀ ਇੱਕ ਪਹਿਲ ਏ। ਵੀਡੀਓ ਕਾਨਫਰੰਸਿੰਗ ਰਾਹੀਂ ਤਿਆਰੀਆਂ ਦੀ ਸਮੀਖਿਆ ਕਰਦੇ ਹੋਏ ਮੰਤਰੀ ਨੇ ਕਿਹਾ ਕਿ ਪੰਜਾਬ ਪੇਂਡੂ ਆਜੀਵਿਕਾ ਮਿਸ਼ਨ ਨੂੰ ਵੱਡਾ ਹੁੰਗਾਰਾ ਮਿਲ ਰਹੀ ਏ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਮਾਗਮਾਂ ਦੀ ਲੜੀ ਬਾਰੇ ਜਾਣਕਾਰੀ ਵਿਆਪਕ ਤੌਰ 'ਤੇ ਪ੍ਰਚਾਰਿਤ ਕੀਤੀ ਜਾਵੇ।

----------------------------------------------------

ਮਰਦਾਂ ਦੇ ਆਈ.ਸੀ.ਸੀ. T-20 ਵਿਸ਼ਵ ਕੱਪ ਦਾ ਪਹਿਲਾ ਸੈਮੀਫਾਈਨਲ ਅੱਜ ਸ਼ਾਮ ਦੱਖਣੀ ਅਫਰੀਕਾ ਅਤੇ ਨਿਊਜ਼ੀਲੈਂਡ ਵਿਚਕਾਰ ਖੇਡਿਆ ਜਾਵੇਗਾ। ਇਹ ਮੈਚ ਕੋਲਕਾਤਾ ਦੇ ਈਡਨ ਗਾਰਡਨ

ਵਿਖੇ ਭਾਰਤੀ ਸਮੇਂ ਅਨੁਸਾਰ ਸ਼ਾਮ 7:00 ਵਜੇ ਸ਼ੁਰੂ ਹੋਵੇਗਾ। ਭਾਰਤ ਕੱਲ੍ਹ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਦੂਜੇ ਸੈਮੀਫਾਈਨਲ ਵਿੱਚ ਇੰਗਲੈਂਡ ਦਾ ਸਾਹਮਣਾ ਕਰੇਗਾ। ਦੋਵਾਂ ਮੈਚਾਂ ਦੇ ਜੇਤੂ 8 ਮਾਰਚ ਨੂੰ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਫਾਈਨਲ ਮੈਚ ਵਿੱਚ ਖੇਡਣਗੇ।

----------------------------------------------------